ਦਫਤਰ ਡਾਇਰੈਕਟਰ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ-8, ਮੋਹਾਲੀ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ./ਐ.ਸਿੱ.),
2. ਸਮੂਹ ਸਕੂਲ ਮੁੱਖੀ,
ਪੰਜਾਬ।

ਮੀਮੋ ਨੰ: AD(CO)/SSE/2019/10921179/ 2019400553
ਮਿਤੀ: 25-11-2019

ਵਿਸ਼ਾ :- **Celebration of "Constitution Day" on 26th November, 2019**

ਹਵਾਲਾ:- ਦਫ਼ਤਰ ਮਨੁੱਖੀ ਸੋਮੇ ਵਿਕਾਸ ਮੰਤਰਾਲਾ, ਭਾਰਤ ਸਰਕਾਰ ਦੇ ਪੱਤਰ 16-8/2019-IS-5 Dated: 31 Oct. 2019 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਲਿਖਿਆ ਜਾਂਦਾ ਹੈ ਕਿ 26 ਨਵੰਬਰ, 1949 ਨੂੰ ਭਾਰਤ ਦਾ ਸੰਵਿਧਾਨ ਤਿਆਰ ਕੀਤਾ ਗਿਆ ਸੀ। ਸਰਕਾਰ ਵੱਲੋਂ ਇਸ ਦਿਵਸ ਨੂੰ ਸੰਵਿਧਾਨ ਦਿਵਸ ਵੱਜੋਂ ਮਨਾਉਣ ਦਾ ਫੈਸਲਾ ਲਿਆ ਗਿਆ ਹੈ। ਇਸ ਦੇ ਸਬੰਧ ਵਿੱਚ ਸਿੱਖਿਆ ਵਿਭਾਗ ਅਧੀਨ ਆਉਂਦੇ ਸਕੂਲਾਂ ਵਿੱਚ ਮਿਤੀ 26-11-2019 ਨੂੰ ਸੰਵਿਧਾਨ ਵਿਸ਼ੇ 'ਤੇ ਵਿਦਿਆਰਥੀਆਂ ਦੁਆਰਾ ਭਾਸ਼ਣ ਕਰਵਾਏ ਜਾਣ ਅਤੇ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ (Preamble of Indian Constitution) ਦੀ ਸਹੁੰ ਚੁਕਾਈ ਜਾਵੇ।

ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: 25-11-19

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਪੀ. ਏ. ਟੂ ਸਕੱਤਰ ਸਕੂਲ ਸਿੱਖਿਆ ਪੰਜਾਬ।
2. ਪੀ. ਏ. ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।
3. ਪੀ. ਏ. ਟੂ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ./ਐ.ਸਿੱ.),ਪੰਜਾਬ।
4. ਪੀ. ਏ. ਟੂ ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਡੀ.ਐਮ. (ਐਮ.ਆਈ.ਐਸ.) ਨੂੰ ਵੈਬਸਾਈਟ 'ਤੇ ਅਪਲੋਡ ਕਰਨ ਹਿੱਤ।

ਸਹਾਇਕ ਡਾਇਰੈਕਟਰ
ਐਸ.ਸੀ.ਈ.ਆਰ.ਟੀ., ਪੰਜਾਬ

Scanned by CamScanner

# ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ

## [Preamble of the Indian Constitution]

ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਇਸ ਤਰ੍ਹਾਂ ਹੈ–

"ਅਸੀਂ, ਭਾਰਤ ਦੇ ਲੋਕ, ਭਾਰਤ ਨੂੰ ਇਕ ਸੰਪੂਰਨ ਪ੍ਰਭੁਸੱਤਾ-ਸੰਪੰਨ, ਸਮਾਜਵਾਦੀ, ਧਰਮ-ਨਿਰਪੱਖ, ਲੋਕਤੰਤਰੀ, ਗਣਰਾਜ ਬਣਾਉਣਾ ਘੋਸ਼ਿਤ ਕਰਦੇ ਹਾਂ ਅਤੇ ਇਸ ਦੇ ਸਾਰੇ ਨਾਗਰਿਕਾਂ ਨੂੰ–

ਸਮਾਜਕ, ਆਰਥਕ ਅਤੇ ਰਾਜਨੀਤਕ ਨਿਆਂ

ਵਿਚਾਰ ਪ੍ਰਗਟਾਉਣ, ਵਿਸ਼ਵਾਸ, ਧਰਮ ਅਤੇ ਉਪਾਸਨਾ ਦੀ ਸੁਤੰਤਰਤਾ

ਸਨਮਾਨ ਅਤੇ ਮੌਕੇ ਦੀ ਸਮਾਨਤਾ

ਪ੍ਰਾਪਤ ਕਰਾਉਣ ਲਈ,

ਅਤੇ ਉਨ੍ਹਾਂ ਸਭ ਵਿਚ ਵਿਅਕਤੀ ਦੀ ਗੌਰਵਤਾ ਅਤੇ ਰਾਸ਼ਟਰ ਦੀ ਏਕਤਾ ਅਤੇ ਅਖੰਡਤਾ ਨਿਸ਼ਚਿਤ ਕਰਨ ਵਾਲਾ ਭਾਈਚਾਰਾ ਵਧਾਉਣ ਲਈ ਦ੍ਰਿੜ੍ਹ ਸੰਕਲਪ ਹੋ ਕੇ ਆਪਣੀ ਇਸ ਸੰਵਿਧਾਨ-ਸਭਾ ਵਿਚ ਅੱਜ ਮਿਤੀ 26 ਨਵੰਬਰ, 1949 ਨੂੰ ਇਸ ਸੰਵਿਧਾਨ ਨੂੰ ਗ੍ਰਹਿਣ, ਅਧਿਨਿਯਮਿਤ ਅਤੇ ਆਪਣੇ-ਆਪ ਨੂੰ ਸਮਰਪਤ ਕਰਦੇ ਹਾਂ।"[1]

Scanned by CamScanner